ਦਫਤਰ ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ -ਕਮ-ਸਟੇਟ ਪ੍ਰਾਜੈਕਟ ਡਾਇਰੈਕਟਰ

ਸਮੱਗਰ ਸਿੱਖਿਆ ਅਭਿਆਨ (ਪੰਜਾਬ)

ਪੰਜਵੀਂ ਮੰਜ਼ਿਲ, ਈ.ਬਲਾਕ, ਸਿੱਖਿਆ ਭਵਨ, ਫੇਜ਼-8, ਸਾਸ ਨਗਰ, ਪੰਜਾਬ-160062

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ/ਐ.ਸਿ)

ਪੰਜਾਬ ।

ਮੀਮੋ ਨੰ: 2025 / ਐਨ.ਐਸ.ਕਿਊ.ਐਫ (67584)/ 286818 ਮਿਤੀ: 26/09/2025

ਵਿਸ਼ਾ:- ਸਾਲ 2025-26 ਦੌਰਾਨ 316 ਸਕੂਲਾਂ ਵਿੱਚ ਸਮੱਗਰ ਸਿੱਖਿਆ ਅਭਿਆਨ NSQF ਦੀਆਂ ਅਧੀਨ 413 ਲੈਬਜ਼ ਦਾ setup ਕਰਨ ਸਬੰਧੀ ਹਦਾਇਤਾਂ ।

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਜੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਮੱਗਰ ਸਿੱਖਿਆ ਅਧੀਨ ਇਸ ਸਮੇਂ 316 ਸਕੂਲਾਂ ਵਿੱਚ NSQF ਦੇ 484 Lab ਸਥਾਪਤ ਕਰਨ ਲਈ ਆਪ ਦੇ ਜ਼ਿਲ੍ਹੇ ਨੂੰ ਗ੍ਰਾਂਟ ਜਾਰੀ ਕੀਤੀ ਗਈ ਹੈ, ਜਿਸ ਸਬੰਧੀ ਜਾਣਕਾਰੀ ਨੱਥੀ **ਅਨੁਲੱਗ 'ੳ'** ਵਿੱਚ ਦਰਜ ਹੈ। ਜਿਹਨਾਂ 413 ਲੈਬਜ਼ ਲਈ ਇਹ ਗ੍ਰਾਂਟ ਭੇਜੀ ਗਈ ਹੈ, ਉਹਨਾਂ ਸਕੂਲਾਂ ਵਿੱਚ ਸੈਸ਼ਨ 2025-26 ਦੌਰਾਨ **ਐਗਰੀਕਲਚਰ, ਅਪੈਰਲ, ਆਟੋਮੋਟਿਵ, ਬਿਊਟੀ ਐਂਡ ਵੈਲਨੈਸ, ਇਲੈਕਟ੍ਰੋਨਿੱਕ, ਫੂਡ ਪ੍ਰੋਸੈਸਿੰਗ, ਬੀ.ਐਫ.ਐਸ.ਆਈ. ਆਈ.ਟੀ, ਪਲੰਬਿੰਗ, ਪਾਵਰ, ਰਿਟੇਲ, ਟੈਲੀਕਾਮ, ਟੂਰਿਜ਼ਮ ਐਂਡ ਹੋਸਪੀਟੈਲਟੀ, ਸਰੀਰਕ ਸਿੱਖਿਆ, ਹੈਲਥ ਕੇਅਰ, ਲੋਜਿਸਟਿਕਸ, ਕੰਨਸਟਰਕਸ਼ਨ, ਮੀਡੀਆ ਇੰਟਰਟੇਨਮੈਂਟ, ਅਤੇ ਨਿੱਜੀ ਸੁਰੱਖਿਆ ਟ੍ਰੇਡਾਂ** ਚਲਾਈਆਂ ਜਾਣੀਆਂ ਹਨ। 413 ਲੈਬਜ਼ ਦੀ ਸੂਚੀ ਅਤੇ ਗ੍ਰਾਂਟ ਦੀ **Calculation** ਨਾਲ **ਨੱਥੀ ਹੈ (ਅਨੁਲੱਗ 'ਅ')।**

2.0 ਭਾਰਤ ਸਰਕਾਰ ਵੱਲੋਂ ਪ੍ਰਵਾਨਿਤ ਸਕੂਲਾਂ ਵਿੱਚ ਉਕਤ ਟਰੇਡਾਂ ਦੇ ਪ੍ਰੈਕਟੀਕਲ ਸਿਖਲਾਈ ਲਈ Lab setup ਕਰਨ ਲਈ ਫੰਡਜ਼ ਮਨਜ਼ੂਰ ਕੀਤੇ ਗਏ ਹਨ। Tools & Equipments ਦੀ ਖਰੀਦ SMC ਵੱਲੋਂ ਕੀਤੀ ਜਾਣੀ ਹੈ। ਜਿਸ ਵਿੱਚ ਇੱਕ ਕਮੇਟੀ ਬਣਾ ਕੇ ਵਿੱਤੀ ਨਿਯਮਾਂ ਅਨੁਸਾਰ ਖਰਚਾ ਕੀਤਾ ਜਾਣਾ ਹੈ।

3.0 SMC ਪੱਧਰ ਤੇ 6 ਮੈਂਬਰੀ ਖਰੀਦ (Purchase) ਕਮੇਟੀ ਦਾ ਗਠਨ ਕੀਤਾ ਜਾਵੇ, ਜਿਸ ਵਿੱਚ ਸਕੂਲ ਮੁਖੀ, ਚੇਅਰਮੈਨ, SMC ਦੇ ਦੋ ਮੈਂਬਰ (1 Female member), ਸਬੰਧਤ ਵੋਕੇਸ਼ਨਲ ਟ੍ਰੇਨਰ ਅਤੇ ਇੱਕ ਹੋਰ ਸੀਨੀਅਰ ਅਧਿਆਪਕ ਮੈਂਬਰ ਹੋਣਗੇ। ਜੇਕਰ ਕਿਸੇ ਸਕੂਲ ਵਿੱਚ ਵੋਕੇਸ਼ਨਲ ਟ੍ਰੇਨਰ ਉਪਲਬਧ ਨਹੀਂ ਹੈ ਤਾਂ ਕਿਸੇ ਸਕੂਲ ਵਿੱਚ ਤੈਨਾਤ ਵੋਕੇਸ਼ਨਲ ਟ੍ਰੇਨਰ (ਜੋ ਸਬੰਧਤ ਟ੍ਰੇਡ ਦੀ ਮੁਕੰਮਲ ਜਾਕਣਾਰੀ ਰੱਖਦਾ ਹੋਵੇ) ਨੂੰ ਕਮੇਟੀ ਵਿੱਚ ਸ਼ਾਮਿਲ ਕਰ ਲਿਆ ਜਾਵੇ।

4.0 ਇਹ ਕਮੇਟੀ ਸਮਾਨ ਦੀ ਖ਼ਰੀਦ ਲਈ Manual of Financial Management & Procurement (FMP) for Scheme of Samagra Shiksha ਦੇ Chapter No. 7 ਅਨੁਸਾਰ ਕਾਰਵਾਈ ਕਰਕੇ ਸਮਾਨ ਖਰੀਦੇਗੀ। ਇਸ ਚੈਪਟਰ ਦੀ ਕਾਪੀ **ਅਨੁਲੱਗ 'ੲ'** ਤੇ ਨਾਲ ਨੱਥੀ ਹੈ ਜੀ।

5.0 SMC ਵੱਲੋਂ ਬਣਾਈ ਗਈ ਖਰੀਦ ਕਮੇਟੀ ਵੱਲੋਂ ਸਮਾਨ ਦੀ ਖਰੀਦ ਉਕਤ ਵਿੱਤੀ ਨਿਯਮਾਂ ਅਨੁਸਾਰ ਹੀ ਕੀਤੀ ਜਾਵੇ ਅਤੇ ਕੀਤੀ ਗਈ ਕਾਰਵਾਈ ਤੋਂ ਸਬੰਧਤ DEO (SE) ਨੂੰ ਵੀ ਸੂਚਿਤ ਕੀਤਾ ਜਾਵੇ। ਇਹ ਸਮਾਨ specifications ਅਨੁਸਾਰ ਹੀ ਖਰੀਦਿਆ ਜਾਵੇ। ਮੁੱਖ ਦਫਤਰ ਵੱਲੋਂ ਵੋਕੇਸ਼ਨਲ ਟ੍ਰੇਨਰਾਂ ਅਤੇ ਵੋਕੇਸ਼ਨਲ ਅਧਿਆਪਕਾਂ ਦੀ ਗਠਿਤ ਕਮੇਟੀ ਵੱਲੋਂ **PSSCIVE Bhopal** ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤਿਆਰ ਕੀਤੀ ਗਈ ਸਮਾਨ ਦੀਆਂ specifications ਦੀ **Tradewise 19** ਟ੍ਰੇਡਾਂ ਦੀ ਸੂਚੀ **ਅਨੁਲੱਗ 'ਸ'** ਤੇ ਨਾਲ ਨੱਥੀ ਹੈ।

6.0 ਉਕਤ ਸਮਾਨ ਸਹੀ ਰੇਟ ਤੇ ਅਤੇ ਵਧੀਆ quality ਦਾ ਖਰੀਦਿਆ ਜਾਵੇ ਅਤੇ ਖਰੀਦ ਕੀਤੇ ਜਾ ਰਹੇ ਸਮਾਨ/ਫਰਨੀਚਰ, ਆਦਿ ਦੀ specifications ਅਨੁਸਾਰ ਪਹਿਲਾਂ sample checking ਕੀਤੀ ਜਾਵੇ ਅਤੇ ਇਸ ਤੋਂ ਬਾਅਦ ਹੀ specifications ਅਨੁਸਾਰ ਸਮਾਨ ਦੀ ਖਰੀਦ ਕੀਤੀ ਜਾਵੇ।

7.0 ਖਰੀਦੇ ਗਏ ਸਮਾਨ ਦੀ ਸਬੰਧਤ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਵੱਲੋਂ ਚੈਕਿੰਗ ਕਰਵਾਈ ਜਾਵੇਗੀ ਅਤੇ ਮੁੱਖ ਦਫਤਰ ਦੇ ਕਿਸੇ ਵੀ ਅਧਿਆਕਾਰੀ ਵੱਲੋਂ ਇਸ ਸਮਾਨ ਦੀ ਚੈਕਿੰਗ ਕੀਤੀ ਜਾ ਸਕਦੀ ਹੈ। ਘਟੀਆ ਮਿਆਰ ਦਾ ਸਮਾਨ ਖਰੀਦੇ ਜਾਣ ਤੇ ਜਾਂ specifications ਅਨੁਸਾਰ ਸਮਾਨ ਨਾ ਖਰੀਦੇ ਜਾਣ ਤੇ ਸਬੰਧਤ ਸਕੂਲ ਮੁੱਖੀ ਦੇ ਖਿਲਾਫ ਵਿਭਾਗੀ ਨਿਯਮਾਂ ਅਨੁਸਾਰ ਅਨੁਸ਼ਾਸ਼ਨੀ ਕਾਰਵਾਈ ਕੀਤੀ ਜਾ ਸਕਦੀ ਹੈ।

8.0 ਸਾਰਾ ਸਮਾਨ ਸਕੂਲ ਪੱਧਰ ਤੇ ਬਣੀ SMC ਵੱਲੋਂ ਹੀ ਖਰੀਦਿਆ ਜਾਵੇ ਅਤੇ ਨਿਯਮਾਂ ਦਾ ਪੂਰਾ ਧਿਆਨ ਰੱਖਿਆ ਜਾਵੇ। ਸਮਾਨ ਦੀ ਖਰੀਦ ਵਿੱਚ quality ਨਾਲ ਸਮਝੌਤਾ ਨਾ ਕੀਤਾ ਜਾਵੇ ਅਤੇ ਉੱਚ ਮਿਆਰ ਵਾਲੀਆਂ ਆਈਟਮਾਂ ਹੀ ਖਰੀਦੀਆਂ ਜਾਣ ਅਤੇ ਵਰੰਟੀ/ਗਰੰਟੀ ਵੀ ਲਈ ਜਾਵੇ।

9.0 ਇਸ ਸਮਾਨ ਨਾਲ ਲੈਬ ਸੈਟ-ਅੱਪ ਕਰਨ ਲਈ ਸਕੂਲ ਵਿੱਚ ਮੌਜੂਦ ਕਿਸੇ ਇੱਕ ਕਮਰੇ ਨੂੰ ਵੋਕੇਸ਼ਨਲ ਲੈਬ ਦੇ ਤੌਰ ਤੇ ਸਥਾਪਿਤ ਕੀਤਾ ਜਾਵੇ ਅਤੇ ਕਮਰੇ ਦੇ ਬਾਹਰ ਵੋਕੇਸ਼ਲਨ ਲੈਬ (NSQF) ਲਿਖਿਆ ਜਾਵੇ।

10.0 ਜਿਹਨਾਂ 19 ਟਰੇਡਾਂ ਦੇ ਸਮਾਨ ਦੀ ਖਰੀਦ ਕੀਤੀ ਜਾਣੀ ਹੈ ਉਹਨਾਂ ਦੀ Trades wise Unit Cost ਹੇਠ ਦਿੱਤੇ ਟੇਬਲ ਅਨੁਸਾਰ ਹੈ :-

Trade	No of Schools	Unit Cost	Total Amount
Agriculture	21	2.5	52.5
Apparels, Made ups and Home Furnishing	27	2.5	67.5
Automotive	20	2.8	56
Banking, Financial Services, and Insurance (BFSI)	26	1.5	39
Beauty & Wellness	19	2.5	47.5
Construction	15	2.8	42
Electronics	32	2.2	70.4
Food Processing	36	2.2	79.2
Healthcare	24	3.1	74.4
IT/ITES	30	2.45	73.5
Logistics	41	2	82
Media & Entertainment	11	2.2	24.2
Physical Education	6	2.1	12.6
Plumbing	11	2.1	23.1
Power	14	2.42	33.88
Private Security	6	2.4	14.4
Retail	34	2	68
Telecom	25	2	50
Tourism & Hospitality	15	2.14	32.1
	413		942.28

11.0 ਆਈ.ਟੀ. ਟਰੇਡ ਵਾਲੇ ਸਕੂਲਾਂ ਦੇ ਸਮਾਨ ਅਤੇ Common Items ਵੱਜੋਂ ਖਰੀਦੇ ਜਾਣ ਵਾਲੇ ਸਮਾਨ ਵਿੱਚ ਜਿਹਨਾਂ ਸਕੂਲਾਂ ਵੱਲੋਂ ਕੰਪਿਊਟਰਾਂ ਦੀ ਖਰੀਦ ਕੀਤੀ ਜਾਣੀ ਹੈ, ਉਹਨਾਂ ਦੀ 3 **ਸਾਲ ਦੀ ਵਰੰਟੀ** ਸਮੇਤ ਖਰੀਦ ਕਰਨੀ ਯਕੀਨੀ ਬਣਾਈ ਜਾਵੇ।

12.0 ਖਰੀਦੇ ਗਏ ਸਮਾਨ ਦਾ ਇੰਦਰਾਜ਼ ਸਕੂਲ ਦੇ ਸਟਾਕ ਰਿਜਸਟਰ ਵਿੱਚ ਕੀਤਾ ਜਾਵੇ ।

13.0 ਜੇਕਰ ਕੋਈ ਫਰਮ ਬਿਨਾਂ GST ਨੰਬਰ ਦੇ ਜਾਂ ਬਿਨਾਂ ਕਿਸੇ ਨਾਮ ਅਤੇ ਪੱਕੇ ਪਤੇ (Permanent address) ਦੇ ਸਮਾਨ ਸਪਲਾਈ ਕਰਦੀ ਹੈ ਤਾਂ ਸਬੰਧਤ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਉਸ ਫਰਮ ਨੂੰ ਬਲੈਕ ਲਿਸਟ ਕਰਨ ਲਈ ਤੁਰੰਤ ਕਾਰਵਾਈ ਕੀਤੀ ਜਾਵੇ।

14.0 ਸਮੂਹ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ **ਅਨੁਲੱਗ 'ੳ' ਅਤੇ 'ਅ'** ਅਨੁਸਾਰ ਜਾਰੀ ਕੀਤੀ ਗਈ ਰਾਸ਼ੀ ਜ਼ਿਲ੍ਹਾ/ਸਕੂਲ ਵਿਖੇ ਪ੍ਰਾਪਤ ਹੋਣ ਤੋਂ ਇੱਕ ਮਹੀਨੇ ਦੇ ਅੰਦਰ ਹਰ ਹਾਲ ਵਿੱਚ ਲੈਬ ਸੈਟ-ਅੱਪ ਕਰ ਲਈ ਜਾਵੇ। ਇਸ ਦਾ ਵਰਤੋਂ ਸਰਟੀਫਿਕੇਟ ਗ੍ਰਾਂਟ ਖਰਚ ਕਰਨ ਉਪਰੰਤ ਹਰ ਹਾਲਤ ਵਿੱਚ ਮੁੱਖ ਦਫਤਰ ਵਿਖੇ ਮਿਤੀ 3-11-2025 ਤੱਕ ਜਮ੍ਹਾ ਕਰਵਾਇਆ ਜਾਵੇ। ਕਿਸੇ ਵੀ ਕਿਸਮ ਦੀ ਉਣਤਾਈ ਸਾਹਮਣੇ ਆਉਣ ਦੀ ਸੂਰਤ ਵਿੱਚ ਸਬੰਧਤ ਸਕੂਲ ਮੁੱਖੀ ਅਤੇ ਸਬੰਧਤ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਨਿੱਜੀ ਤੌਰ ਤੇ ਜ਼ਿੰਮੇਵਾਰ ਹੋਣਗੇ। ਜੇਕਰ ਆਪ ਦੇ ਜ਼ਿਲ੍ਹੇ ਨੂੰ ਉਕਤ ਦਰਸ਼ਾਏ ਅਨੁਸਾਰ ਰਾਸ਼ੀ ਪ੍ਰਾਪਤ ਨਹੀ ਹੁੰਦੀ ਹੈ ਤਾਂ ਪੱਤਰ ਜਾਰੀ ਹੋਣ ਤੋਂ 2 ਦਿਨਾਂ ਦੇ ਅੰਦਰ ਮੁੱਖ ਦਫਤਰ ਨੂੰ ਸੂਚਿਤ ਕੀਤਾ ਜਾਵੇ ਅਤੇ ਫੋਨ ਤੇ ਰਾਬਤਾ ਕਾਇਮ ਕੀਤਾ ਜਾਵੇ।

15.0 ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜ਼ਿਲ੍ਹਾ ਪੱਧਰ ਤੇ ਇਹਨਾਂ **413** ਲੈਬਜ਼ ਵਿੱਚ ਲੈਬ ਸੈਟ-ਅੱਪ ਦੀ ਮੋਨੀਟਰਿੰਗ ਕੀਤੀ ਜਾਵੇ। ਸਬੰਧਤ ਜ਼ਿਲ੍ਹੇ ਦੇ ਅਧਿਕਾਰੀਆਂ ਵੱਲੋਂ ਇਹ ਯਕੀਨੀ ਬਣਾਇਆ ਜਾਵੇ ਕਿ ਵਿਭਾਗ ਵੱਲੋਂ ਸਮਾਨ ਦੀ ਖਰੀਦ ਬਾਰੇ ਜੋ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ, ਕੇਵਲ ਉਹਨਾਂ ਅਨੁਸਾਰ ਹੀ ਸਮਾਨ ਦੀ ਖਰੀਦ ਕੀਤੀ ਜਾਵੇ। ਜੇਕਰ ਕੋਈ ਉਣਤਾਈ ਪਾਈ ਜਾਂਦੀ ਹੈ ਤਾਂ ਇਸ ਨੂੰ ਤੁਰੰਤ ਉੱਚ ਅਧਿਕਾਰੀਆਂ ਦੇ ਨੋਟਿਸ ਵਿੱਚ ਲਿਆਂਦਾ ਜਾਵੇ।

16.0 **NSDC** ਦੀਆਂ ਹਦਾਇਤਾਂ ਅਨੁਸਾਰ ਜਿਸ ਸਕੂਲ ਵਿੱਚ ਲੈਬ ਸੈਟ-ਅਪ ਨਹੀਂ ਹੋਵੇਗੀ, ਉਸ ਸਕੂਲ ਦੇ **NSQF** ਦੇ ਵਿਦਿਆਰਥੀਆਂ ਦੀ **SSC** ਵੱਲੋਂ ਪ੍ਰੈਕਟੀਕਲ assessment ਨਹੀਂ ਕੀਤੀ ਜਾਵੇਗੀ। ਅਜਿਹੀ ਸਥਿਤੀ ਵਿੱਚ ਨਿਰੋਲ ਜ਼ਿੰਮੇਵਾਰੀ ਸਬੰਧਤ ਸਕੂਲ ਮੁੱਖੀ ਅਤੇ ਸਬੰਧਤ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਦੀ ਹੋਵੇਗੀ।

17.0 ਉਪਰੋਕਤ ਅਨੁਸਾਰ ਜਾਰੀ ਕੀਤੇ ਗਏ ਫੰਡਜ਼ ਦੀ ਆਨਲਾਈਨ monitoring ਲਈ ਖਰਚਾ Prabandh Portal ਤੇ ਸਮੇਂ ਸਿਰ ਅੱਪਡੇਟ ਕਰਨਾ ਯਕੀਨੀ ਬਣਾਇਆ ਜਾਵੇ।

18.0 ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ।

26/9/25

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ
ਸਮੱਗਰ ਸਿੱਖਿਆ ਅਭਿਆਨ, ਪੰਜਾਬ।

ਨੱਥੀ:-

1. District wise allocation of funds with calculation. (ਅਨੁਲੱਗ 'ੳ')
2. List of 413 labs with allocated Trade and allocated amount (ਅਨੁਲੱਗ 'ਅ')
3. Copy of Manual of Financial Management & Procurement (FMP) for Scheme of Samagra Shiksha. (ਅਨੁਲੱਗ 'ੲ')
4. Trade wise Specifications of Tools & Equipment List of items for 19 trades. (ਅਨੁਲੱਗ 'ਸ')